# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

## 13:10

**ਮਿਤੀ :10-05-2026**

ਕੇਂਦਰ ਸਰਕਾਰ ਨੇ ਕਿਰਤ ਕੋਡ ਲਾਗੂ ਕਰਨ ਲਈ ਨਵੇਂ ਦਿਸ਼ਾ-ਨਿਰਦੇਸ਼ ਜਾਰੀ ਕੀਤੇ ਨੇ. ਇਹ ਕੇਂਦਰੀ ਮੰਤਰਾਲਿਆਂ, ਵਿਭਾਗਾਂ, ਖੁਦਮੁਖਤਿਆਰ ਸੰਸਥਾਵਾਂ ਅਤੇ ਕੇਂਦਰੀ ਜਨਤਕ ਖੇਤਰ ਦੇ ਅਦਾਰਿਆਂ ਵਿੱਚ ਕੰਮ ਕਰਦੇ ਆਊਟਸੋਰਸਡ ਅਤੇ ਕੰਟਰੈਕਟ ਮੁਲਾਜ਼ਮਾਂ ਦੀ ਸੁਰੱਖਿਆ ਨੂੰ ਮਜ਼ਬੂਤ ਕਰੇਗਾ। ਕਿਰਤ ਅਤੇ ਰੁਜ਼ਗਾਰ ਮੰਤਰਾਲੇ ਨੇ ਕਿਹਾ ਏ ਕਿ ਇਹਨਾਂ ਸੁਧਾਰਾਂ ਦਾ ਉਦੇਸ਼ ਤਨਖਾਹਾਂ ਦੀ ਸਮੇਂ ਸਿਰ ਅਦਾਇਗੀ, ਲਾਜ਼ਮੀ ਸਮਾਜਿਕ ਸੁਰੱਖਿਆ ਯੋਗਦਾਨ, ਠੇਕੇਦਾਰਾਂ ਅਤੇ ਮੁੱਖ ਮਾਲਕਾਂ ਦੀ ਵਧੇਰੇ ਜਵਾਬਦੇਹੀ, ਅਤੇ ਕਿਰਤ ਕਾਨੂੰਨਾਂ ਦੀ ਉਲੰਘਣਾ ਵਿਰੁੱਧ ਇੱਕ ਮਜ਼ਬੂਤ ਲਾਗੂ ਕਰਨ ਵਾਲੀ ਵਿਧੀ ਨੂੰ ਯਕੀਨੀ ਬਣਾਉਣਾ ਏ। ਇਹਨਾਂ ਉਪਾਵਾਂ ਨਾਲ ਠੇਕੇ 'ਤੇ ਕੰਮ ਕਰਨ ਵਾਲੇ ਮੁਲਾਜ਼ਮਾਂ ਲਈ ਤਨਖਾਹਾਂ ਦੀ ਅਦਾਇਗੀ ‘ਚ ਦੇਰੀ ਅਤੇ ਕਾਨੂੰਨੀ ਤੌਰ ‘ਤੇ ਅਦਾਇਗੀ ਵਾਲੀ ਰਕਮ ਦੇ ਭੁਗਤਾਨ ‘ਚ ਗਲਤੀ ਘੱਟ ਹੋ ਸਕੇਗੀ। ਦਿਸ਼ਾ-ਨਿਰਦੇਸ਼ਾਂ ਵਿੱਚ ਤਨਖਾਹਾਂ ਅਤੇ ਸਮਾਜਿਕ

ਸੁਰੱਖਿਆ ਯੋਗਦਾਨਾਂ ਦੀ ਸਮੇਂ ਸਿਰ ਅਦਾਇਗੀ ਦੀ ਉਲੰਘਣਾ ਕਰਨ ਵਾਲੀਆਂ ਕੰਪਨੀਆਂ ਲਈ ਪਾਬੰਦੀਆਂ ਅਤੇ ਸਖ਼ਤ ਜੁਰਮਾਨੇ ਸ਼ਾਮਲ ਨੇ. ਦਿਹਾੜੀ ਦੀ ਤਨਖਾਹਾਂ ਦਾ ਭੁਗਤਾਨ ਸ਼ਿਫਟ ਦੇ ਅੰਤ ਤੱਕ, ਹਫਤਾਵਾਰੀ ਛੁੱਟੀ ਤੋਂ ਪਹਿਲਾਂ ਹਫਤਾਵਾਰੀ ਤਨਖਾਹ, ਪੰਦਰਵਾੜੇ ਦੇ ਅੰਤ ਤੋਂ ਦੋ ਦਿਨਾਂ ਦੇ ਅੰਦਰ-ਅੰਦਰ ਪੰਦਰਵਾੜੇ ਦੀ ਤਨਖਾਹ, ਅਤੇ ਅਗਲੇ ਮਹੀਨੇ ਦੇ ਸੱਤ ਦਿਨਾਂ ਦੇ ਅੰਦਰ ਮਾਸਿਕ ਤਨਖਾਹ ਦਾ ਭੁਗਤਾਨ ਕੀਤਾ ਜਾਣਾ ਚਾਹੀਦਾ ਏ ।

---------------------------------------------------------------------------------

ਪੰਜਾਬ ਦੇ ਖੁਰਾਕ, ਸਿਵਲ ਸਪਲਾਈ ਤੇ ਖਪਤਕਾਰ ਮਾਮਲੇ ਵਿਭਾਗ ਵੱਲੋਂ ਕੀਤੇ ਗਏ ਪੁਖਤਾ ਪ੍ਰਬੰਧਾਂ ਸਦਕਾ ਕਣਕ ਦੇ ਖਰੀਦ ਸੀਜ਼ਨ ਦੌਰਾਨ ਇੱਕ ਨਵਾਂ ਮੀਲ ਪੱਥਰ ਸਥਾਪਤ ਹੋਇਆ ਏ, ਜਿਸ ਤਹਤ ਕਣਕ ਦੀ ਆਮਦ ਅਤੇ ਖਰੀਦ ਦੋਵਾਂ ਪੱਖੋਂ 122 ਲੱਖ ਮੀਟ੍ਰਿਕ ਟਨ ਦਾ ਅੰਕੜਾ ਪਾਰ ਕਰ ਲਿਆ ਗਿਆ ਏ । ਖਰੀਦ ਦੇ ਸ਼ੁਰੂਆਤੀ ਪੜਾਵਾਂ ਦੌਰਾਨ ਸੂਬੇ ਦੇ ਵੱਖ-ਵੱਖ ਹਿੱਸਿਆਂ ਵਿੱਚ ਲਗਾਤਾਰ ਮੀਂਹ ਅਤੇ ਗੜੇਮਾਰੀ ਦੇ ਬਾਵਜੂਦ ਇਹ ਮੀਲ ਪੱਥਰ ਪ੍ਰਾਪਤ ਕੀਤਾ ਗਿਆ ਏ । ਹੁਣ ਤੱਕ ਕੁੱਲ 122.73 ਲੱਖ ਮੀਟ੍ਰਿਕ ਟਨ ਕਣਕ ਦੀ ਆਮਦ ਹੋਈ ਏ , ਜਿਸ ਵਿੱਚੋਂ 122.23 ਲੱਖ ਮੀਟ੍ਰਿਕ ਟਨ ਕਣਕ ਖਰੀਦੀ ਜਾ ਚੁੱਕੀ ਏ। 7 ਲੱਖ ਤੋਂ ਵੱਧ ਕਿਸਾਨਾਂ ਦੇ ਖਾਤਿਆਂ ਵਿੱਚ 29 ਹਜ਼ਾਰ ਕਰੋੜ ਰੁਪਏ ਤੋਂ ਵੱਧ ਦੇ

ਘੱਟੋ-ਘੱਟ ਸਮਰਥਨ ਮੁੱਲ ਦੀ ਅਦਾਇਗੀ ਕੀਤੀ ਜਾ ਚੁੱਕੀ ਏ। ਨਿਰਵਿਘਨ ਅਤੇ ਸਫ਼ਲ ਖਰੀਦ ਸੀਜ਼ਨ ਯਕੀਨੀ ਬਣਾਉਣ ਦੇ ਯਤਨਾਂ ਦੇ ਹਿੱਸੇ ਵਜੋਂ, 1897 ਖਰੀਦ ਕੇਂਦਰਾਂ ਅਤੇ ਲਗਭਗ 986 ਅਸਥਾਈ ਯਾਰਡਾਂ ਨੂੰ ਕਾਰਜਸ਼ੀਲ ਕਰਨ ਵਰਗੇ ਪੁਖਤਾ ਪ੍ਰਬੰਧ ਕੀਤੇ ਗਏ ਨੇ।

-----------------------------------------------------------------------------------

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨੇ ਸੰਗਰੂਰ ਜ਼ਿਲ੍ਹੇ ਦੇ ਪਿੰਡ ਭਲਵਾਨ ਤੋਂ ਗਰੀਬਾਂ ਤੇ ਲੋੜਵੰਦ ਪਰਿਵਾਰਾਂ ਨੂੰ ਪੌਸ਼ਟਿਕ ਖੁਰਾਕ ਮੁਹੱਈਆ ਕਰਵਾਉਣ ਲਈ ਰਾਸ਼ਨ ਕਿੱਟ ਵੰਡ ਕੇ 'ਮੇਰੀ ਰਸੋਈ' ਸਕੀਮ ਦੀ ਸ਼ੁਰੂਆਤ ਕੀਤੀ। ਦੇਸ਼ ਭਰ ਵਿੱਚ ਲੋੜਵੰਦ ਪਰਿਵਾਰਾਂ ਨੂੰ ਪੌਸ਼ਟਿਕ ਖੁਰਾਕ ਦੇਣ ਲਈ ਸਭ ਤੋਂ ਵੱਡੀਆਂ ਪਹਿਲਕਦਮੀਆਂ ਵਿੱਚੋਂ ਇਕ 'ਮੇਰੀ ਰਸੋਈ' ਸਕੀਮ ਹੇਠ ਸੂਬੇ ਦੇ ਲਗਪਗ 40 ਲੱਖ ਗਰੀਬ ਤੇ ਆਰਥਿਕ ਤੌਰ ਉਤੇ ਕਮਜ਼ੋਰ ਪਰਿਵਾਰਾਂ ਨੂੰ ਰਾਸ਼ਨ ਕਿੱਟ ਮਿਲਿਆ ਕਰੇਗੀ। ਇਸ ਸਕੀਮ ਨੂੰ ਵਧਦੀ ਮਹਿੰਗਾਈ ਦੌਰਾਨ ਸੰਘਰਸਸੀਲ ਪਰਿਵਾਰਾਂ 'ਤੇ ਰਸੋਈ ਦੇ ਬੋਝ ਨੂੰ ਘਟਾਉਣ ਲਈ ਅਤਿ ਲੋੜੀਂਦੀ ਮਦਦ ਦੱਸਦੇ ਹੋਏ ਮੁੱਖ ਮੰਤਰੀ ਨੇ ਕਿਹਾ ਕਿ 'ਆਪ' ਸਰਕਾਰ ਨਾ ਸਿਰਫ ਐਲਾਨ ਕਰ ਰਹੀ ਏ ਸਗੋਂ ਮੁਫਤ ਬਿਜਲੀ, ਸਿਹਤ ਸੰਭਾਲ, ਮਹਿਲਾ-ਕੇਂਦ੍ਰਿਤ ਭਲਾਈ ਸਕੀਮਾਂ ਅਤੇ ਖੁਰਾਕ ਸੁਰੱਖਿਆ ਉਪਰਾਲਿਆਂ ਰਾਹੀਂ ਹਰ ਘਰ

ਨੂੰ ਢੁਕਵੀਂ ਰਾਹਤ ਪ੍ਰਦਾਨ ਕਰ ਰਹੀ ਏ। ਉਨ੍ਹਾਂ ਕਿਹਾ ਕਿ ਸਮਾਜਿਕ ਭਲਾਈ ਨੂੰ ਮਜਬੂਤ ਕਰਨ ਦੇ ਨਾਲ-ਨਾਲ 'ਆਪ' ਸਰਕਾਰ ਬੁਨਿਆਦੀ ਢਾਂਚੇ ਦਾ ਤੇਜੀ ਨਾਲ ਆਧੁਨਿਕੀਕਰਨ ਕਰ ਰਹੀ ਏ।

---------------------------------------------------------------------------

ਪੰਜਾਬ ਰਾਜ ਕਾਨੂੰਨੀ ਸੇਵਾਵਾਂ ਅਥਾਰਟੀ ਵੱਲੋਂ ਸੂਬੇ ਭਰ ਵਿੱਚ ਕੱਲ ਸਾਲ 2026 ਦੀ ਦੂਸਰੀ ਰਾਸ਼ਟਰੀ ਲੋਕ ਅਦਾਲਤ ਲਗਾਈ ਗਈ। ਇਸ ਪਹਿਲਕਦਮੀ ਦਾ ਉਦੇਸ਼ ਝਗੜਿਆਂ ਦਾ ਜਲਦ, ਘੱਟ ਖਰਚ ਨਾਲ ਤੇ ਦੋਸਤਾਨਾ ਢੰਗ ਨਾਲ ਨਿਪਟਾਰਾ ਕਰਨਾ ਏ। ਲੋਕ ਅਦਾਲਤ ਵਿੱਚ ਸਿਵਲ, ਵਿਆਹੁਤਾ, ਜਾਇਦਾਦ, ਮੋਟਰ ਦੁਰਘਟਨਾ ਦੇ ਦਾਅਵਿਆਂ, ਬੈਂਕਿੰਗ, ਬੀਮਾ ਤੇ ਹੋਰ ਮਾਮਲਿਆਂ ਸਮੇਤ ਕਈ ਤਰ੍ਹਾਂ ਦੇ ਕੇਸਾਂ ਦਾ ਆਪਸੀ ਸਹਿਮਤੀ ਰਾਹੀਂ ਨਿਪਟਾਰਾ ਕੀਤਾ ਗਿਆ। ਸੂਬੇ ਦੇ

---------------------------------------------------------------------------

ਸਾਰੇ ਜ਼ਿਲ੍ਹਿਆਂ ਅਤੇ ਸਬ-ਡਵੀਜ਼ਨਾਂ ਵਿੱਚ ਕੁੱਲ 399 ਲੋਕ ਅਦਾਲਤ ਬੈਂਚਾਂ ਦਾ ਗਠਨ ਕੀਤਾ ਗਿਆ ਸੀ, ਜਿਨਾਂ ਰਾਹੀਂ 5 ਲੱਖ 25 ਹਜ਼ਾਰ 137 ਕੇਸਾਂ ਦੀ ਸੁਣਵਾਈ ਕੀਤੀ ਗਈ, ਜਿਨ੍ਹਾਂ ਵਿੱਚੋਂ 4 ਲੱਖ 68 ਹਜ਼ਾਰ 633 ਕੇਸਾਂ ਦਾ ਨਿਪਟਾਰਾ ਕੀਤਾ ਗਿਆ।

---------------------------------------------------------------------------

'ਗੈਂਗਸਟਰਾਂ ਤੇ ਵਾਰ' ਮੁਹਿੰਮ ਦੇ 109ਵੇਂ ਦਿਨ ਪੰਜਾਬ ਪੁਲਿਸ ਨੇ ਕੱਲ ਸੂਬੇ ਭਰ ਵਿੱਚ ਗੈਂਗਸਟਰਾਂ ਦੇ ਸਾਥੀਆਂ ਦੇ 536 ਟਿਕਾਣਿਆਂ 'ਤੇ ਛਾਪੇਮਾਰੀ ਕੀਤੀ । ਪੁਲਿਸ ਟੀਮਾਂ ਨੇ 17 ਹਥਿਆਰਾਂ ਸਮੇਤ 221 ਵਿਅਕਤੀਆਂ ਨੂੰ ਗ੍ਰਿਫ਼ਤਾਰ ਕੀਤਾ, ਜਿਸ ਨਾਲ ਮੁਹਿੰਮ ਦੀ ਸ਼ੁਰੂਆਤ ਤੋਂ ਹੁਣ ਤੱਕ ਕੁੱਲ ਗ੍ਰਿਫ਼ਤਾਰੀਆਂ ਦੀ ਗਿਣਤੀ 27 ਹਜ਼ਾਰ 850 ਹੋ ਗਈ ਏ । ਇਸ ਤੋਂ ਇਲਾਵਾ 93 ਵਿਅਕਤੀਆਂ ਵਿਰੁੱਧ ਇਹਤਿਆਤੀ ਕਾਰਵਾਈ ਕੀਤੀ ਗਈ ਜਦਕਿ 41 ਵਿਅਕਤੀਆਂ ਨੂੰ ਪੁੱਛਗਿੱਛ ਤੋਂ ਬਾਅਦ ਛੱਡ ਦਿੱਤਾ ਗਿਆ । ਪੁਲਿਸ ਟੀਮਾਂ ਨੇ ਕਾਰਵਾਈ ਦੌਰਾਨ 6 ਭਗੌੜੇ ਅਪਰਾਧੀਆਂ ਨੂੰ ਵੀ ਗ੍ਰਿਫ਼ਤਾਰ ਕੀਤਾ ।

---------------------------------------------------------------------------------

IPL ਕ੍ਰਿਕਟ ਵਿੱਚ, ਅੱਜ ਪਲੇਆਫ ਕੁਆਲੀਫਾਈ ਲਈ ਮਹੱਤਵਪੂਰਨ ਮੈਚ ਹੋਣਗੇ । ਦਿਨ ਦੇ ਪਹਿਲੇ ਮੈਚ ਵਿੱਚ, ਚੇਨਈ ਸੁਪਰ ਕਿੰਗਜ਼ ਦੁਪਹਿਰ 3.30 ਵਜੇ ਲਖਨਊ ਸੁਪਰ ਜਾਇੰਟਸ ਨਾਲ ਭਿੜੇਗੀ । ਦੂਸਰਾ ਮੈਚ ਸ਼ਾਮ 07:30 ਵਜੇ ਰਾਇਲ ਚੈਲੇਂਜਰਜ਼ ਬੰਗਲੁਰੂ ਤੇ ਮੁੰਬਈ ਇੰਡੀਅਨਜ਼ ਦਰਮਿਆਨ ਹੋਵੇਗਾ । ਇਸ ਤੋਂ ਪਹਿਲਾਂ, ਗੁਜਰਾਤ

ਟਾਈਟਨਜ਼ ਨੇ ਬੀਤੀ ਰਾਤ ਜੈਪੁਰ ਵਿੱਚ ਰਾਜਸਥਾਨ ਰਾਇਲਜ਼ ਨੂੰ 77 ਦੌੜਾਂ ਨਾਲ ਹਰਾਇਆ।